**ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਨੰ.1,ਲੋ.ਨਿ.ਵਿ.,ਭ ਤੇ ਮ ਸ਼ਾਖਾ,**
**ਇੰਡਸਟਰੀਅਲ ਏਰੀਆ, ਫੇਜ-1, ਸਾਹਿਬਜਾਦਾ ਅਜੀਤ ਸਿੰਘ ਨਗਰ।**
**ਟੈਲੀ/ਫੈਕਸ ਨੰ:0172-2225863, ਈ-ਮੇਲ: pwdc1mohali@gmail.com**

ਵੱਲ

ਪ੍ਰਿੰਸੀਪਲ,
ਡੀ.ਏ.ਵੀ. ਮਾਡਲ ਸੀ.ਸੈ. ਸਕੂਲ,
ਕੁਰਾਲੀ, ਜਿਲ੍ਹਾ-ਐਸ.ਏ.ਐਸ. ਨਗਰ।

**ਮੀਮੋ ਨੰ.** 3051 **ਮਿਤੀ:** 10.06.2025

**ਵਿਸ਼ਾ:-** **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ (ਸਾਲ 2025-26) ਜਾਰੀ ਕਰਨ ਸਬੰਧੀ।**
(ਡੀ.ਏ.ਵੀ. ਮਾਡਲ ਸੀ.ਸੈ. ਸਕੂਲ, ਕੁਰਾਲੀ, ਜਿਲ੍ਹਾ-ਐਸ.ਏ.ਐਸ. ਨਗਰ)

ਹਵਾਲਾ:- ਆਪ ਦੇ ਦਫ਼ਤਰ ਦਾ ਪੱਤਰ ਨੰ. DAV/CER/5/25/75 ਮਿਤੀ 22.05.2025 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਖਰੜ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫ਼ਤਰੀ ਹੁਕਮ ਨੰ-5/13/2018-3BR3/1294287/3 ਮਿਤੀ- 10.08.2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ 15,000/- ਰੁਪਏ ਚਲਾਨ ਨੰ.17674079 ਮਿਤੀ- 26.05.2025 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਜਿਸ ਸਬੰਧ ਵਿੱਚ ਸਕੂਲ ਦਾ ਬਿਲਡਿੰਗ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਕੀਤਾ ਜਾਂਦਾ ਹੈ।

ਨੱਥੀ/ਸਰਟੀਫਿਕੇਟ

ਕਾਰਜਕਾਰੀ ਇੰਜੀਨੀਆਰ,
ਉਸਾਰੀ ਮੰਡਲ ਨੰ.1, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. **ਮਿਤੀ.**

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਖਰੜ ਨੂੰ ਉਨ੍ਹਾਂ ਦੇ ਪੱਤਰ ਨੰ- 162 ਮਿਤੀ-02.06.2025 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਆਰ,
ਉਸਾਰੀ ਮੰਡਲ ਨੰ.1, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

## Building Safety Certificate

Subject: Building Safety Certificate for D.A.V Model Senior Secondary School, Kurali, Distt SAS Nagar-140103.

D.A.V Model Senior Secondary School, Kurali, Distt SAS Nagar-140103 ਦਾ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ M/s Continental Foundations, office 1059, Sector 43-B, Chandigarh ਦੇ ਨੰ ST/1605 ਮਿਤੀ: 07.05.2025 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2026 ਤੱਕ ਹੇਠ ਲਿਖੀਆਂ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ:-

1) ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2) ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜ਼ੋ ਬਣਦੀ ਕਾਰਵਾਈ ਕੀਤੀ ਜਾ ਸਕੇ।
3) ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟਿਫਿਕੇਟ ਪੰਜਬ ਫਾਇਰ ਸਰਵਸਿਸ, ਖਰੜ ਵੱਲੋ ਉਨ੍ਹਾਂ ਦੇ ਨੰ: 1503-116471-Fire/87776 ਮਿਤੀ: 20.05.2025 ਰਾਹੀਂ ਇਕ ਸਾਲ ਲਈ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4) ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਵੁਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੇਕਾਰ ਦੀ ਹੋਵੇਗੀ।
5) ਜੇਕਰ ਸਕੂਲ ਵੱਲੋ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6) ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ/ ਸਰਕਾਰ ਵੱਲੋ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸਸੰਥਾ ਮਨਣ ਦੀ ਪਾਬੰਦ ਹੋਵੇਗੀ।
7) ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8) ਇਹ ਸਰਟੀਫਿਕੇਟ ਕੇਵਲ visual inspection ਦੇ ਅਧਾਰ ਤੇ ਕੇਵਲ structural safety ਪੱਖੋ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
9) ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ ਭ ਤੇ ਮ ਸ਼ਾਖਾ,
ਖਰੜ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ:ਨਿ:ਵਿ: ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।